### ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

### ਸਪੋਰਟਕਿੰਗ ਇੰਡਸਟਰੀ ਜੀਦਾ ਨੇ 10 ਹਜਾਰ ਮਾਸਕ ਜ਼ਿਲਾ ਪ੍ਰਸ਼ਾਸਨ ਨੂੰ ਭੇਂਟ ਕੀਤੇ

ਬਠਿੰਡਾ, 14 ਅਪ੍ਰੈਲ : ਸਪੋਰਟਕਿੰਗ ਇੰਡਸਟਰੀ ਲਿਮ: ਦੇ ਯੂਨਿਟ ਸਪੋਰਟਗਿੰਗ ਇੰਡਸਟਰੀ ਜੀਦਾ ਨੇ ਅੱਜ 10 ਹਜਾਰ ਮਾਸਕ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੂੰ ਭੇਂਟ ਕੀਤੇ ਤਾਂ ਜੋ ਜ਼ਿਲੇ ਵਿਚ ਕਰੋਨਾ ਖਿਲਾਫ਼ ਲੜ ਰਹੇ ਲੋਕਾਂ ਨੂੰ ਇਹ ਮਾਸਕ ਦਿੱਤੇ ਜਾ ਸਕਨ। ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਇਸ ਅਦਾਰੇ ਦਾ ਇਸ ਮੁਸਕਿਲ ਸਮੇਂ ਵਿਚ ਲੋੜਵੰਦਾਂ ਦੀ ਸਹਾਇਤਾ ਲਈ ਅੱਗੇ ਆਉਣ ਲਈ ਧੰਨਵਾਦ ਕੀਤਾ। ਇਸ ਮੌਕੇ ਜ਼ਿਲੇ ਦੇ ਜੀਐਮ ਡੀਆਈਸੀ ਸ: ਦਰਸ਼ਨ ਸਿੰਘ ਵੀ ਹਾਜਰ ਸਨ। ਇਸ ਮੌਕੇ ਕੰਪਨੀ ਦੇ ਪ੍ਰਧਾਨ ਸ੍ਰੀ ਸ਼ਿਵ ਕੁਮਾਰ ਸ਼ਰਮਾ ਅਤੇ ਜੀਐਮ ਐਚ ਆਰ ਐਡਮਿਨ ਸ੍ਰੀ ਰਾਜਿੰਦਰ ਪਾਲ ਨੇ ਦੱਸਿਆ ਕਿ ਇਹ ਸਮਾਨ ਕੰਪਨੀ ਦੇ ਐਮਡੀ ਸ੍ਰੀ ਮਨੀਸ਼ ਅਵਸਥੀ ਨੇ ਭੇਜਿਆ ਹੈ। ਇਥੇ ਜਿਕਰਯੋਗ ਹੈ ਕਿ ਇਸ ਕੰਪਨੀ ਨੇ ਬੀਤੇ ਕੱਲ 1 ਲੱਖ ਤੋਂ ਵਧੇਰੇ ਦਾ ਰਾਸ਼ਨ ਵੀ ਜ਼ਿਲਾ ਪ੍ਰਸ਼ਾਸਨ ਨੂੰ ਭੇਂਟ ਕੀਤਾ ਸੀ।

Scanned with CamScanner

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਬਾਬਾ ਸਾਹਿਬ ਦਾ ਦ੍ਰਿਸ਼ਟੀਕੋਣ ਪੂਰੀ ਦੁਨੀਆਂ ਦਾ ਮਾਰਗ ਦਰਸ਼ਕ ਮਨਪ੍ਰੀਤ ਸਿੰਘ ਬਾਦਲ

ਡਾ: ਬੀ ਆਰ ਅੰਬੇਦਕਰ ਦੇ 129 ਵੇਂ ਜਨਮ ਦਿਨ ਤੇ ਉਨਾਂ ਨੂੰ ਕੀਤਾ ਨਮਨ

ਬਠਿੰਡਾ, 14 ਅਪ੍ਰੈਲ :

ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਅੱਜ ਭਾਰਤ ਰਤਨ, ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਦਕਰ ਦੇ 129 ਵੇਂ ਜਨਮ ਦਿਨ ਮੌਕੇ ਉਨਾਂ ਦੇ ਬੁੱਤ ਤੇ ਫੁੱਲ ਭੇਟ ਕਰਕੇ ਉਨਾਂ ਵੱਲੋਂ ਦੇਸ਼ ਨੂੰ ਸੰਵਿਧਾਨ ਰੂਪੀ ਦਿੱਤੀ ਅੱਦੁਤੀ ਦੇਣ ਲਈ ਸਿਜਦਾ ਕੀਤਾ। ਇਸ ਮੌਕੇ ਉਨਾਂ ਨੇ ਕਿਹਾ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਜੀ ਇਕ ਦੂਰਅੰਦੇਸ਼ ਵਿਅਕਤੀ ਸਨ, ਜਿੰਨਾਂ ਨੇ ਗਰੀਬੀ ਅਤੇ ਪੱਖਪਾਤ ਤੋਂ ਮੁਕਤ ਭਾਰਤ ਦੀ ਕਲਪਨਾ ਕੀਤੀ ਸੀ ਅਤੇ ਇਸ ਕਲਪਨਾ ਨੂੰ ਸਾਰਥਕ ਰੂਪ ਦੇਣ ਲਈ ਸਾਨੂੰ ਅਜਿਹਾ ਸੰਵਿਧਾਨ ਘੜ ਕੇ ਦਿੱਤਾ ਜਿਸ ਨੇ ਇਸ ਦੇਸ਼ ਨੂੰ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਬਣਾ ਦਿੱਤਾ। ਉਨਾਂ ਕਿਹਾ ਕਿ ਸਮਾਨਤਾ, ਨਿਆਂ ਅਤੇ ਸੁਤੰਤਰਤਾ ਬਾਰੇ ਉਨਾਂ ਦਾ ਦ੍ਰਿਸ਼ਟੀਕੋਣ ਭਾਰਤੀਆਂ ਅਤੇ ਵਿਸਵ ਭਰ ਦੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਨਿਆਂ ਪ੍ਰੇਮੀਆਂ ਲਈ ਮਾਰਗ ਦਰਸ਼ਕ ਬਣਿਆ ਹੋਇਆ ਹੈ। ਉਨਾਂ ਨੇ ਕਿਹਾ ਕਿ ਪੂਰਾ ਦੇਸ਼ ਅੱਜ ਬਾਬਾ ਸਾਹਿਬ ਦਾ ਰਿਣੀ ਹੈ ਜਿੰਨਾਂ ਨੇ ਮੁਲਕ ਦੇ ਹਰੇਕ ਨਾਗਰਿਕ ਨੂੰ ਵੋਟ ਦਾ ਹੱਕ ਦਿੱਤਾ ਸੀ।

ਵਿੱਤ ਮੰਤਰੀ ਨੇ ਇਸ ਮੌਕੇ ਕਿਹਾ ਕਿ ਕਰੋਨਾ ਕਰਕੇ ਲੱਗੇ ਕਰਫਿਊ ਕਾਰਨ ਲੋਕ ਇੱਕਤਰ ਹੋ ਕੇ ਸਮਾਗਮ ਨਹੀਂ ਕਰ ਸਕੇ ਪਰ ਫਿਰ ਵੀ ਅਸੀਂ ਦਿਲੋਂ ਆਪਣੀ ਸਰਕਾਰ ਵੱਲੋਂ ਉਨਾਂ ਨੂੰ ਨਮਨ ਕਰਨ ਲਈ ਪੁੱਜੇ ਹਾਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਰੋਨਾ ਖਿਲਾਫ ਅੱਜ ਅਸੀਂ ਵੱਡੀ ਲੜਾਈ ਲੜ ਰਹੇ ਹਾਂ ਅਤੇ ਆਪਸੀ ਏਕੇ ਨਾਲ ਹੀ ਅਸੀਂ ਇਸ ਜੰਗ ਵਿਚ ਜਿੱਤ ਦਰਜ ਕਰ ਸਕਦੇ ਹਾਂ। ਇਸੇ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਇਕ ਆਮ ਰਾਏ ਬਣਾਉਣ ਲਈ ਸਰਵਪਾਰਟੀ ਮੀਟਿੰਗ ਵੀ ਬੁਲਾਈ ਹੈ। ਉਨਾਂ ਨੇ ਜ਼ਿਲਾ ਵਾਸੀਆਂ ਨੂੰ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਦੀਆਂ ਹਦਾਇਤਾਂ ਦਾ ਇੰਨਬਿੰਨ ਪਾਲਣ ਕਰਨ ਦੀ ਅਪੀਲ ਕੀਤੀ ਤਾਂ ਜੋ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨਾਂ ਨੇ ਕਿਹਾ ਇਸ ਮੌਕੇ ਅਸੀਂ ਇਕ ਦੂਜੇ ਦੀ ਮਦਦ ਕਰੀਏ ਇਹੀ ਬਾਬਾ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਇਕ ਹੋਰ ਸਵਾਲ ਦੇ ਜਵਾਬ ਵਿਚ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਸਰਕਾਰ ਵੱਲੋਂ ਕਣਕ ਦੀ ਖਰੀਦ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਉਨਾਂ ਨੇ ਕਿਹਾ ਕਿ ਕਿਸਾਨ ਮਾਰਕਿਟ ਕਮੇਟੀਆਂ ਵੱਲੋਂ ਆੜਤੀਆਂ ਰਾਹੀਂ ਦਿੱਤੇ ਜਾਣ ਵਾਲੇ ਪਾਸ ਅਨੁਸਾਰ ਨਿਰਧਾਰਤ ਸਮੇਂ ਤੇ ਹੀ ਕਣਕ ਲੈ ਕੇ ਆਉਣ। ਉਨਾਂ ਨੇ ਦੁਹਰਾਇਆ ਕਿ ਕਣਕ ਦਾ ਦਾਣਾ ਦਾਣਾ ਖਰੀਦਿਆ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਵੀ ਬਾਬਾ ਸਾਹਿਬ ਦੇ ਬੁੱਤ ਤੇ ਫੁੱਲ ਮਾਲਾ ਭੇਟ ਕਰਕੇ ਉਨਾਂ ਨੂੰ ਨਮਨ ਕੀਤਾ। ਇਸ ਮੌਕੇ ਜ਼ਿਲਾ ਭਲਾਈ ਅਫ਼ਸਰ ਬਲਜਿੰਦਰ ਬਾਂਸਲ ਵੀ ਹਾਜਰ ਸਨ।

ਇਸ ਤੋਂ ਬਾਅਦ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਸਹਾਰਾ ਜਨਸੇਵਾ ਸੁਸਾਇਟੀ ਦੇ ਆਗੂ ਸ੍ਰੀ ਵਿਜੈ ਗੋਇਲ ਅਤੇ ਹੋਰ ਵਲੰਟੀਅਰਾਂ ਦੀ ਹੌਂਸਲਾ ਅਫਜਾਈ ਲਈ ਵੀ ਪੁੱਜੇ। ਇਹ ਸੰਸਥਾ ਲੋੜਵੰਦ ਲੋਕਾਂ ਦੀ ਮਦਦ ਕਰ ਰਹੀ ਹੈ।

ਇਸ ਮੌਕੇ ਸ੍ਰੀ ਕੇ.ਕੇ ਅਗਰਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ, ਸ੍ਰੀ ਅਰੁਣ ਵਧਾਵਨ, ਸ੍ਰੀ ਜਗਰੂਪ ਸਿੰਘ ਗਿੱਲ, ਸ੍ਰੀ ਅਸ਼ੋਕ ਪ੍ਰਧਾਨ, ਸ੍ਰੀ ਪਵਨ ਮਾਨੀ, ਸ੍ਰੀ ਰਾਜਨ ਗਰਗ, ਸ੍ਰੀ ਬਲਜਿੰਦਰ ਠੇਕੇਦਾਰ, ਸ੍ਰੀ ਰਾਜ ਨੰਬਰਦਾਰ, ਸ੍ਰੀ ਅਨਿਲ ਭੋਲਾ, ਸ੍ਰੀ ਮੋਹਨ ਲਾਲ ਝੂੰਬਾ ਆਦਿ ਵੀ ਹਾਜਰ ਸਨ।

Scanned with CamScanner

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਆਮ ਲੋਕਾਂ ਦੀ ਸਹੂਲਤਾਂ ਲਈ ਡਾਕ ਵਿਭਾਗ ਵਚਨਬੱਧ-ਮਨਜਿੰਦਰ ਸਿੰਘ

ਪੇਂਡੂ ਏਰੀਏ 'ਚ 140 ਡਾਕ ਕਰਮੀ ਦੇ ਰਹੇ ਹਨ ਡੋਰ-ਟੂ-ਡੋਰ ਸੇਵਾਵਾਂ

25 ਸਬ ਆਫ਼ਿਸਾਂ 'ਚ ਕੀਤੇ ਗਏ ਹਨ ਢੁੱਕਵੇਂ ਪ੍ਰਬੰਧ

ਬਠਿੰਡਾ, 13 ਅਪ੍ਰੈਲ : ਜ਼ਿਲੇ ਅੰਦਰ ਕਰੋਨਾ ਵਾਇਰਸ ਮਹਾਂਮਾਰੀ ਦੇ ਮੱਦੇਨਜ਼ਰ ਡਾਕ ਵਿਭਾਗ ਵਲੋਂ ਆਮ ਲੋਕਾਂ ਦੀਆਂ ਸਹੂਲਤਾਂ ਲਈ ਆਪਣੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਲੋਕਾਂ ਦੀ ਜ਼ਰੂਰਤ ਨੂੰ ਮੁੱਖ ਰੱਖਦਿਆਂ ਜ਼ਿਲੇ ਦੇ ਪੇਂਡੂ ਖ਼ੇਤਰ 'ਚ 140 ਡਾਕ ਕਰਮੀਆਂ ਵਲੋਂ ਆਧਾਰ ਕਾਰਡ 'ਤੇ ਅਧਾਰਿਤ ਪੈਮੈਂਟ ਸਿਸਟਮ ਰਾਹੀਂ (ਏ.ਈ.ਪੀ.ਐਸ.) ਸਕੀਮ ਤਹਿਤ ਆਪਣੀਆਂ ਸੇਵਾਵਾਂ ਡੋਰ-ਟੂ-ਡੋਰ ਦਿੱਤੀਆਂ ਜਾ ਰਹੀਆਂ ਹਨ। ਇਹ ਜਾਣਕਾਰੀ ਬਠਿੰਡਾ ਡਾਕ ਡਵੀਜ਼ਨ ਦੇ ਸੁਪਰਡੈਂਟ ਸ. ਮਨਜਿੰਦਰ ਸਿੰਘ ਨੇ ਦਿੱਤੀ। ਉਨਾਂ ਇਹ ਵੀ ਦੱਸਿਆ ਕਿ ਇਸ ਸਿਸਟਮ ਰਾਹੀਂ ਕੋਈ ਖ਼ਪਤਕਾਰ ਆਪਣੇ ਕਿਸੇ ਵੀ ਬੈਂਕ 'ਚ ਪਏ ਪੈਸਿਆਂ ਨੂੰ ਆਧਾਰ ਕਾਰਡ ਨਾਲ ਐਟੈਚਡ ਨਿਸ਼ਾਨ (ਅੰਗੂਠਾ) ਲਗਾ ਕੇ ਦਫ਼ਤਰੀ ਸਮੇਂ ਤੋਂ ਇਲਾਵਾ ਕਿਸੇ ਵੀ ਛੁੱਟੀ ਵਾਲੇ ਦਿਨ ਵੀ ਕਢਵਾ ਸਕਦਾ ਹੈ।

ਉਨਾਂ ਹੋਰ ਦੱਸਿਆ ਕਿ ਜ਼ਿਲੇ ਦੇ ਸ਼ਹਿਰੀ ਖੇਤਰ ਨਾਲ ਸਬੰਧਤ 25 ਸਬ ਡਾਕ ਘਰਾਂ ਵਿਖੇ ਵੀ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਕਰਮਚਾਰੀਆਂ ਵਲੋਂ ਆਪਣੀਆਂ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆ ਹਨ। ਇਹ ਸਹੂਲਤਾਂ ਡਾਕ ਕਰਮਚਾਰੀਆਂ ਵਲੋਂ ਆਪਣੀ ਤੇ ਆਮ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿਚ ਰੱਖ ਕੇ ਦਿੱਤੀਆਂ ਜਾ ਰਹੀਆਂ ਹਨ। ਇਸ ਤਹਿਤ ਕਰਮਚਾਰੀਆਂ ਨੂੰ ਸੁਰੱਖਿਆ ਉਪਕਰਨ ਮੁਹੱਈਆ ਕਰਵਾਏ ਜਾਣ ਤੋਂ ਇਲਾਵਾ ਵੱਧ ਗਿਣਤੀ ਕਰਮਚਾਰੀਆਂ ਵਾਲੇ ਡਾਕਘਰਾਂ ਵਿਚ ਬਦਲਵੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਉਨਾਂ ਇਹ ਵੀ ਦੱਸਿਆ ਕਿ ਬਾਹਰੋਂ ਆਉਣ ਵਾਲੀ ਸਾਰੀ ਡਾਕ ਨੂੰ ਸੈਨੀਟਾਈਜ਼ ਕਰਨ ਉਪਰੰਤ ਹੀ ਅੱਗੇ ਵੰਡਣ ਲਈ ਭੇਜਿਆ ਜਾਂਦਾ ਹੈ।

Scanned with CamScanner